ਆਸਾ ਮਹਲਾ ੫ ॥ ਜਾ ਪ੍ਰਭ ਕੀ ਹਉ ਚੇਰੁਲੀ ਸੋ ਸਭ ਤੇ ਊਚਾ ॥ ਸਭੁ ਕਿਛੁ ਤਾ ਕਾ ਕਾਂਢੀਐ ਥੋਰਾ ਅਰੁ ਮੂਚਾ ॥੧॥ ਜੀਅ ਪ੍ਰਾਨ ਮੇਰਾ ਧਨੋ ਸਾਹਿਬ ਕੀ ਮਨੀਆ ॥ ਨਾਮਿ ਜਿਸੈ ਕੈ ਊਜਲੀ ਤਿਸੁ ਦਾਸੀ ਗਨੀਆ ॥੧॥ ਰਹਾਉ ॥ ਵੇਪਰਵਾਹੁ ਅਨੰਦ ਮੈ ਨਾਉ ਮਾਣਕ ਹੀਰਾ ॥ ਰਜੀ ਧਾਈ ਸਦਾ ਸੁਖੁ ਜਾ ਕਾ ਤੂੰ ਮੀਰਾ ॥੨॥ ਸਖੀ ਸਹੇਰੀ ਸੰਗ ਕੀ ਸੁਮਤਿ ਦ੍ਰਿੜਾਵਉ ॥ ਸੇਵਹੁ ਸਾਧੂ ਭਾਉ ਕਰਿ ਤਉ ਨਿਧਿ ਹਰਿ ਪਾਵਉ ॥੩॥ ਸਗਲੀ ਦਾਸੀ ਠਾਕੁਰੈ ਸਭ ਕਹਤੀ ਮੇਰਾ ॥ ਜਿਸਹਿ ਸੀਗਾਰੇ ਨਾਨਕਾ ਤਿਸੁ ਸੁਖਹਿ ਬਸੇਰਾ ॥੪॥੧੫॥੧੧੭॥ {ਪੰਨਾ 400}

ਪਦਅਰਥ:- ਹਉ—ਮੈਂ। ਚੇਰੀ—ਦਾਸੀ। ਚੇਰੁਲੀ—ਨਿਮਾਣੀ ਜਿਹੀ ਦਾਸੀ। ਤੇ—ਤੋਂ, ਨਾਲੋਂ। ਤਾ ਕਾ—ਉਸ (ਪ੍ਰਭੂ) ਦਾ। ਕਾਂਢੀਐ—ਆਖਿਆ ਜਾਂਦਾ ਹੈ। ਮੂਚਾ—ਬਹੁਤਾ। ਥੋਰਾ ਅਰੁ ਮੂਚਾ—ਥੋੜਾ ਅਤੇ ਬਹੁਤਾ, ਨਿੱਕੀ ਵੱਡੀ ਹਰੇਕ ਚੀਜ਼।1।

ਧਨੋ—ਧਨੁ। ਜੀਅ—ਜਿੰਦ। ਮਨੀਆ—ਮੰਨਦੀ ਹਾਂ। ਨਾਮਿ—ਨਾਮ ਦੀ ਰਾਹੀਂ। ਊਜਲੀ—ਸੁਰਖ਼-ਰੂ, ਇੱਜ਼ਤ ਵਾਲੀ। ਤਿਸੁ—ਉਸ (ਪ੍ਰਭੂ) ਦੀ। ਗਨੀਆ—ਗਿਣਦੀ ਹਾਂ।1। ਰਹਾਉ।

ਵੇਪਰਵਾਹੁ—ਬੇ-ਮੁਥਾਜ। ਅਨੰਦ ਮੈ—ਆਨੰਦ-ਸਰੂਪ। ਮਾਣਕ—ਮੋਤੀ। ਧਾਈ—ਧ੍ਰਾਪੀ, ਰੱਜੀ ਹੋਈ, ਤ੍ਰਿਪਤ। ਮੀਰਾ—ਪਾਤਿਸ਼ਾਹ।2।

ਸੰਗ ਕੀ—ਨਾਲ ਦੀ। ਸਹੇਰੀ—ਹੇ ਸਹੇਲੀਹੋ! ਸੁਮਤਿ—ਚੰਗੀ ਮਤਿ। ਦ੍ਰਿੜਾਵਉ—ਦ੍ਰਿੜਾਵਉਂ, ਮੈਂ ਨਿਸ਼ਚੇ ਕਰਾਂਦੀ ਹਾਂ। ਸਾਧੂ—ਗੁਰੂ। ਭਾਉ—ਪ੍ਰੇਮ। ਕਰਿ—ਕਰ ਕੇ। ਨਿਧਿ—ਖ਼ਜ਼ਾਨਾ। ਪਾਵਉ—ਮੈਂ ਹਾਸਲ ਕਰਦੀ ਹਾਂ, ਪਾਵਉਂ {ਨੋਟ:- ਲਫ਼ਜ਼ 'ਸੇਵਹੁ' ਅਤੇ 'ਪਾਵਉ' ਦੀ ਵਿਆਕਰਨਿਕ ਸ਼ਕਲ ਖ਼ਾਸ ਧਿਆਨ ਨਾਲ ਵੇਖਣ-ਜੋਗ ਹੈ}।3।

ਸਗਲੀ—ਸਾਰੀ, ਹਰੇਕ ਜੀਵ-ਇਸਤ੍ਰੀ। ਠਾਕੁਰੈ—ਠਾਕੁਰ ਦੀ। ਜਿਸਹਿ—ਜਿਸ ਨੂੰ। ਸੀਗਾਰੇ—ਸੁੰਦਰ ਬਣਾਂਦਾ ਹੈ। ਸੁਖਹਿ—ਸੁਖ ਵਿਚ। ਬਸੇਰਾ—ਵਾਸ।4।

ਅਰਥ:- ਹੇ ਸਹੇਲੀਹੋ! ਮੇਰੀ ਜਿੰਦ ਮੇਰੇ ਪ੍ਰਾਣ ਮੇਰਾ ਧਨ-ਪਦਾਰਥ—ਇਹ ਸਭ ਕੁਝ ਮੈਂ ਆਪਣੇ ਮਾਲਕ-ਪ੍ਰਭੂ ਦੀ ਦਿੱਤੀ ਹੋਈ ਦਾਤਿ ਮੰਨਦੀ ਹਾਂ। ਜਿਸ ਮਾਲਕ-ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਮੈਂ ਇੱਜ਼ਤ ਵਾਲੀ ਹੋ ਗਈ ਹਾਂ ਮੈਂ ਆਪਣੇ ਆਪ ਨੂੰ ਉਸ ਦੀ ਦਾਸੀ ਗਿਣਤੀ ਹਾਂ।1। ਰਹਾਉ।

ਹੇ ਸਹੇਲੀਹੋ! ਮੈਂ ਜਿਸ ਪ੍ਰਭੂ ਦੀ ਨਿਮਾਣੀ ਜਿਹੀ ਦਾਸੀ ਹਾਂ ਮੇਰਾ ਉਹ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ, ਮੇਰੇ ਪਾਸ ਜੋ ਕੁਝ ਭੀ ਨਿੱਕੀ ਵੱਡੀ ਚੀਜ਼ ਹੈ ਉਸ ਮਾਲਕ ਦੀ ਹੀ ਅਖਵਾਂਦੀ ਹੈ।1।

(ਹੇ ਮੇਰੇ ਮਾਲਕ-ਪ੍ਰਭੂ!) ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਦਾ ਆਨੰਦ-ਸਰੂਪ ਹੈਂ, ਤੇਰਾ ਨਾਮ ਮੇਰੇ ਵਾਸਤੇ ਮੋਤੀ ਹੈ ਹੀਰਾ ਹੈ। ਹੇ ਪ੍ਰਭੂ! ਜਿਸ ਜੀਵ-ਇਸਤ੍ਰੀ ਦਾ (ਜਿਸ ਜੀਵ-ਇਸਤ੍ਰੀ ਦੇ ਸਿਰ ਉਤੇ) ਤੂੰ ਪਾਤਿਸ਼ਾਹ (ਬਣਦਾ) ਹੈਂ ਉਹ (ਮਾਇਆ ਵਲੋਂ) ਰੱਜੀ ਰਹਿੰਦੀ ਹੈ ਤ੍ਰਿਪਤ ਹੋਈ ਰਹਿੰਦੀ ਹੈ ਉਹ ਸਦਾ ਆਨੰਦ ਮਾਣਦੀ ਹੈ।2।

ਹੇ ਮੇਰੇ ਨਾਲ ਦੀਓ ਸਹੇਲੀਹੋ! ਮੈਂ ਤੁਹਾਨੂੰ ਇਹ ਭਲੀ ਸਲਾਹ ਮੁੜ ਮੁੜ ਚੇਤੇ ਕਰਾਂਦੀ ਹਾਂ (ਜੋ ਮੈਨੂੰ ਗੁਰੂ ਪਾਸੋਂ ਮਿਲੀ ਹੋਈ ਹੈ), ਤੁਸੀ ਸਰਧਾ-ਪ੍ਰੇਮ ਧਾਰ ਕੇ ਗੁਰੂ ਦੀ ਸਰਨ ਪਵੋ। (ਮੈਂ ਜਦੋਂ ਦੀ ਗੁਰੂ ਦੀ ਸਰਨ ਪਈ ਹਾਂ) ਤਦੋਂ ਤੋਂ ਮੈਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਰਹੀ ਹਾਂ।3।

ਹੇ ਮੇਰੀ ਸਹੇਲੀਹੋ! ਹਰੇਕ ਜੀਵ-ਇਸਤ੍ਰੀ ਹੀ ਮਾਲਕ-ਪ੍ਰਭੂ ਦੀ ਦਾਸੀ ਹੈ, ਹਰੇਕ ਜੀਵ-ਇਸਤ੍ਰੀ ਆਖਦੀ ਹੈ ਕਿ ਪਰਮਾਤਮਾ ਮੇਰਾ ਮਾਲਕ ਹੈ। ਪਰ, ਹੇ ਨਾਨਕ! (ਆਖ—ਹੇ ਸਹੇਲੀਹੋ!) ਜੀਵ-ਇਸਤ੍ਰੀ (ਦੇ ਜੀਵਨ) ਨੂੰ (ਮਾਲਕ-

ਪ੍ਰਭੂ ਆਪ) ਸੋਹਣਾ ਬਣਾਂਦਾ ਹੈ ਉਸ ਦਾ ਨਿਵਾਸ ਸੁਖ-ਆਨੰਦ ਵਿਚ ਹੋਇਆ ਰਹਿੰਦਾ ਹੈ।4।15। 117।